ਜਿਲ੍ਹਾ ਪੁਲਿਸ ਵੱਲੋਂ ਪਬਲਿਕ ਦੇ ਗੁੰਮ ਹੋਏ 170 ਮੋਬਾਇਲ ਫੋਨ ਕੀਤੇ ਟਰੇਸ



ਜਿਲ੍ਹਾ ਪੁਲਿਸ ਮੁੱਖੀ ਵੱਲੋਂ ਮੋਬਾਇਲ ਮਾਲਕਾਂ ਨੂੰ ਸੌਂਪੇ ਗਏ ਟਰੇਸ ਕੀਤੇ ਗਏ ਮੋਬਾਇਲ ਫੋਨ

ਹੁਣ ਤੱਕ 720 ਮੋਬਾਇਲ ਫੋਨ ਟਰੇਸ ਕਰਕੇ ਸੌਂਪੇ ਜਾ ਚੁੱਕੇ ਹਨ ਮਾਲਕਾਂ ਨੂੰ

ਸ੍ਰੀ ਮੁਕਤਸਰ ਸਾਹਿਬ, ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜਿਲ੍ਹਾ ਅੰਦਰ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ, ਮਾੜੇ/ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ, ਨਸ਼ੇ ਦਾ ਖਾਤਮਾ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਆਮ ਪਬਲਿਕ ਨੂੰ ਆਧੁਨਿਕ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਿੱਥੇ ਹੁਣ ਤੱਕ ਤਕਰੀਬਨ 720 ਦੇ ਕਰੀਬ ਮੋਬਾਇਲ ਫੋਨਾਂ ਨੂੰ ਟਰੇਸ ਕਰਕੇ ਉਹਨਾਂ ਦੇ ਮਾਲਕਾਂ ਨੂੰ ਸੌਂਪਿਆ ਜਾ ਚੁੱਕਿਆ ਹੈ ਉੱਥੇ ਹੀ ਅੱਜ CEIR ਪੋਰਟਲ ਦੀ ਮੱਦਦ ਨਾਲ ਪਬਲਿਕ ਦੇ ਗੁੰਮ ਹੋਏ 170 ਮੋਬਾਇਲ ਫੋਨ ਟਰੇਸ ਕਰਕੇ ਜਿਲ੍ਹਾ ਪੁਲਿਸ ਮੁੱਖੀ ਵੱਲੋਂ ਫੋਨ ਮਾਲਕਾਂ ਨੂੰ ਸੌਂਪੇ ਗਏ। ਇਸ ਮੌਕੇ ਸ. ਮਨਮੀਤ ਸਿੰਘ ਢਿੱਲੋ ਐਸ.ਪੀ(ਡੀ), ਸ੍ਰੀ ਰਮਨਦੀਪ ਸਿੰਘ ਡੀ.ਐਸ.ਪੀ (ਡੀ), ਐਸ.ਆਈ. ਰਵਿੰਦਰ ਕੌਰ ਇੰਚਾਰਜ ਟੈਕਨੀਕਲ ਸੈੱਲ, ਰੀਡਰ ਅਜੀਤਪਾਲ ਅਤੇ ਟੈਕਨੀਕਲ ਟੀਮ ਹਾਜ਼ਰ ਸੀ।